pstcl
PUNJAB STATE TRANSMISSION CORPORATION LIMITED
ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
(ਰਜਿ: ਦਫ਼ਤਰ: ਪੀ.ਐਸ.ਈ.ਬੀ.,ਹੈੱਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ)
**Corporate Identity Number: U40109PB2010SGC033814**
ਦਫ:ਉਪ ਮੁੱਖ ਇੰਜੀ:/ ਐਚ ਆਰ ਅਤੇ ਪ੍ਰਬੰਧਕੀ, ਸ਼ਕਤੀ ਸਦਨ ਪਟਿਆਲਾ।
**ਫੈਕਸ ਨੰ:- 0175-2220054 ਟੈਲੀਫੋਨ ਨੰ:- 0175-2970693 ਵੈਬਸਾਇਟ : pstcl.org**

ਵੱਲ

1. ਪ੍ਰਮੁੱਖ ਇੰਜੀ:/ਪੀ ਤੇ ਐਮ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
2. ਮੁੱਖ ਇੰਜੀ:/ਐਸ.ਐਲ.ਡੀ.ਸੀ, ਪੀ.ਐਸ.ਟੀ.ਸੀ.ਐਲ, ਪਟਿਆਲਾ।
3. ਨਿਗ:ਇੰਜੀ:/ਸੰਚਾਰ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
4. ਸੀਨੀ:ਕਾ:ਕਾ:ਇੰਜੀ:/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ: 431/34 **Sen./AAE/Comm./33** ਮਿਤੀ: 25/1/24

ਵਿਸ਼ਾ:- ਪੀ.ਐਸ.ਟੀ.ਸੀ.ਐਲ ਵੱਲੋਂ ਪਦ-ਉਨਤ ਕੀਤੇ ਏ.ਏ.ਈ/ਸੰਚਾਰ ਕਰਮਚਾਰੀਆਂ ਦੀ ਸੀਨੀਆਰਤਾ ਸੂਚੀ ਤਿਆਰ ਕਰਨ ਸਬੰਧੀ।

ਪੀ.ਐਸ.ਟੀ.ਸੀ.ਐਲ. ਵੱਲੋ ਏ.ਏ.ਈ/ਸੰਚਾਰ ਕਰਮਚਾਰੀਆਂ ਦੀ ਮਿਤੀ 01.01.2023 ਤੋਂ 31.12.2023 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕੀਤੀ ਗਈ ਹੈ। ਇਹ ਟੈਨਟੇਟਿਵ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਏ.ਏ.ਈ/ਸੰਚਾਰ ਕਰਮਚਾਰੀਆਂ ਦੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਦੇ ਹੋਏ ਜੇਕਰ ਕਿਸੇ ਕਰਮਚਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ।

ਇਹ ਟੈਨਟੇਟਿਵ ਸੀਨੀਆਰਤਾ ਸੂਚੀ ਸਾਰੇ ਸਬੰਧਤ ਕਰਮਚਾਰੀਆਂ ਤੋਂ ਨੋਟ ਕਰਵਾ ਲਈ ਜਾਵੇ। ਜੇਕਰ ਕੋਈ ਕਰਮਚਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸੀਨੀਆਰਤਾ ਨੰਬਰ ਸਹੀ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਸਬੰਧਤ ਕਰਮਚਾਰੀ ਦਾ ਨਾਮ ਇਸ ਸੀਨੀਆਰਤਾ ਸੂਚੀ ਵਿੱਚ ਦਰਜ ਹੋਣ ਤੋ ਰਹਿ ਗਿਆ ਹੋਵੇ ਜਾਂ ਕਿਸੇ ਕਰਮਚਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ ਇੱਕ ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਖੇਚਲ ਕਰੇ। ਇਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਮਿੱਥੇ ਸਮੇਂ ਤੋਂ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਵੀ ਪ੍ਰਤੀ ਬੇਨਤੀ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਕੋਈ ਵੀ ਤਬਦੀਲੀ ਨਾ ਹੋਣ ਦੀ ਸੂਰਤ ਵਿੱਚ ਇਹ ਸੀਨੀਆਰਤਾ ਸੂਚੀ ਖੁਦ-ਬ-ਖੁਦ ਪੂਰਨ ਅਤੇ ਸਹੀ ਸਮਝੀ ਜਾਵੇਗੀ ।

ਇਥੇ ਇਹ ਵੀ ਵਰਨਣ ਯੋਗ ਹੈ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਜਾਰੀ ਕੀਤੀ ਜਾਂਦੀ ਹੈ:-

(1) ਇਹ ਟੈਨਟੇਟਿਵ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।
(2) ਜੇਕਰ ਕਿਸੇ ਵੀ ਕਰਮਚਾਰੀ ਨੂੰ ਡੀਮ ਤਰੱਕੀ/ਜੂਨੀਅਰ ਕਰਮਚਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਉਸਦੀ ਇਸ ਸੀਨੀਆਰਤਾ ਵਿੱਚ ਸੋਧ ਕਰਨ ਯੋਗ ਹੋਵੇਗੀ।
(3) ਜੇਕਰ ਕਿਸੇ ਵੀ ਕਰਮਚਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ਜੀ।

ਨੱਥੀ/ ਏ.ਏ.ਈ/ਸੰਚਾਰ ਦੀ ਟੈਨਟੇਟਿਵ
ਸੀਨੀਆਰਤਾ ਸੂਚੀ।

25/1/24

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

ਏ.ਏ.ਈ/ਸੰਚਾਰ ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ ਸੂਚੀ (ਸਮਾਂ ਮਿਤੀ 01.01.2023 ਤੋਂ 31.12.2023 ਤੱਕ)

| ਲੜੀ ਨੰ | ਕਰਮਚਾਰੀ/ ਕਰਮਚਾਰਨ ਦਾ **ਨਾਮ** (ਸਰਵ/ਸ਼੍ਰੀ/ਸ਼੍ਰੀਮਤੀ) | ਆਈ. ਡੀ.ਨੰ: | ਸੀਨੀ ਨੰ: | ਜਨਮ ਦੀ ਮਿਤੀ | PSTCL ਵਿੱਚ ਹਾਜ਼ਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ |
|---|---|---|---|---|---|---|---|
| 1 | ਅਮਰਦੀਪ ਸਿੰਘ | 604603 | 1 | 10.10.92 | 23.05.17 | 24.01.2023 AN | ਪ:ਸ਼੍ਰੇਣੀ |
| 2 | ਇੰਦਰਬੀਰ ਸਿੰਘ | 604604 | 2 | 14.02.91 | 22.05.17 | 24.01.2023 | ਜਨਰਲ |
| 3 | ਮਨਪ੍ਰੀਤ ਕੌਰ | 604606 | 3 | 20.07.89 | 24.05.17 | 24.01.2023 AN | ਅ:ਜਾਤੀ |
| 4 | ਮਨਿੰਦਰਜੀਤ ਸਿੰਘ | 604607 | 4 | 18.06.80 | 22.05.17 | 24.01.2023 AN | ਸਾਬਕਾ ਫੌਜੀ |

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ